# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਸਾਲ 2016-17 ਦਾ ਪ੍ਰਾਪਰਟੀ ਟੈਕਸ ਜਮਾਂ ਕਰਵਾਉਣ ਤੇ 30 ਸਤੰਬਰ ਤੱਕ 10% ਰਿਬੇਟ ਦਿੱਤੀ ਜਾਵੇਗੀ......ਮੇਅਰ ਸ਼ਿਵ ਸੂਦ

## ਪ੍ਰਾਪਰਟੀ ਟੈਕਸ ਜਮਾਂ ਕਰਵਾਉਣ ਦੀ ਸਹੂਲਤ ਨਗਰ ਨਿਗਮ ਦੀ ਆਨਲਾਈਨ ਵੈਬਸਾਈਟ ਤੇ ਉਪਲੱਬਧ ਹੋਵੇਗੀ

ਹੁਸ਼ਿਆਰਪੁਰ 26 ਸਤੰਬਰ ਪੰਜਾਬ ਨਗਰ ਨਿਗਮ ਐਕਟ 1976 ਦੀ ਧਾਰਾ 112-ਏ ਅਧੀਨ ਸਾਲ 2016-17 ਦਾ ਪ੍ਰਾਪਰਟੀ ਟੈਕਸ 30 ਸਤੰਬਰ ਤੱਕ ਜਮਾਂ ਕਰਵਾਉਣ ਤੇ 10% ਛੋਟ ਦਿੱਤੀ ਜਾਵੇਗੀ। ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼੍ਰੀ ਸ਼ਿਵ ਸੂਦ ਨੇ ਦਿੰਦਿਆਂ ਦੱਸਿਆ ਕਿ ਸ਼ਹਿਰ ਵਾਸੀ ਮਿਤੀ 30 ਸਤੰਬਰ 2016 ਤੱਕ ਆਪਣੇ ਬਣਦੇ 2016-17 ਦੇ ਪ੍ਰਾਪਰਟੀ ਟੈਕਸ ਨੂੰ ਜਮ੍ਹਾਂ ਕਰਵਾਉਣ ਤੇ 10% ਦੀ ਛੋਟ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਹਨਾਂ ਦੱਸਿਆ ਕਿ ਸ਼ਹਿਰ ਵਾਸੀਆਂ ਦੀ ਸਹੂਲਤ ਲਈ ਫਾਰਮ ਅਤੇ ਬਣਦਾ ਪ੍ਰਾਪਰਟੀ ਟੈਕਸ ਜਮਾਂ ਕਰਵਾਉਣ ਲਈ ਆਨਲਾਈਨ ਦੀ ਸਹੂਲਤ ਦਿੱਤੀ ਗਈ ਹੈ ਜ਼ੋ ਕਿ ਨਗਰ ਨਿਗਮ ਹੁਸ਼ਿਆਰਪੁਰ ਦੀ ਵੈਬਸਾਈਟ mchoshiarpur.in ਤੇ ਉਪਲੱਬਧ ਹੈ। ਉਹਨਾਂ ਦੱਸਿਆਂ ਜ਼ੋ ਕਿ ਸ਼ਹਿਰ ਨਿਵਾਸੀ ਆਪਣੀ ਪ੍ਰਾਪਰਟੀ ਟੈਕਸ ਦੀ ਰਿਟਰਨ ਭਰਨ ਵਿਚ ਅਸਮੱਰਥ ਹੋਣ ਉਹਨਾਂ ਦੀ ਸਹੂਲਤ ਲਈ ਨਗਰ ਨਿਗਮ ਦੇ ਪ੍ਰਾਪਰਟੀ ਟੈਕਸ ਦੀ ਬ੍ਰਾਂਚ ਵਿਚ ਵਿਸ਼ੇਸ਼ ਕਰਮਚਾਰੀਆ ਦੀ ਡਿਊਟੀ ਲਗਾਈ ਗਈ ਹੈ। ਜਿਥੇ ਸ਼ਹਿਰ ਵਾਸੀ ਆਪਣੀ ਪ੍ਰਾਪਰਟੀ ਟੈਕਸ ਰਿਟਰਨ ਦਾ ਫਾਰਮ ਭਰ ਕੇ ਮੌਕੇ ਤੇ ਹੀ ਟੈਕਸ ਜਮਾਂ ਕਰਵਾ ਸਕਦੇ ਹਨ ਉਹਨਾਂ ਹੋਰ ਦੱਸਿਆ ਕਿ ਪ੍ਰਾਪਰਟੀ ਟੈਕਸ ਬ੍ਰਾਂਚ ਦੇ ਕਰਮਚਾਰੀ 28 ਸਤੰਬਰ ਨੂੰ ਸਰਕਾਰੀ ਛੁੱਟੀ ਹੋਣ ਦੇ ਬਾਵਜੂਦ ਵੀ ਨਗਰ ਨਿਗਮ ਦੇ ਦਫਤਰ ਵਿਚ ਪ੍ਰਾਪਰਟੀ ਟੈਕਸ ਜਮਾਂ ਕਰਵਾਉਣ ਲਈ ਹਾਜਰ ਰਹਿਣਗੇ।